ਧਨਾਸਰੀ ਮਹਲਾ ੫ ਘਰੁ ੭ ੴ ਸਤਿਗੁਰ ਪ੍ਰਸਾਦਿ ॥ ਹਰਿ ਏਕੁ ਸਿਮਰਿ ਏਕੁ ਸਿਮਰਿ ਏਕੁ ਸਿਮਰਿ ਪਿਆਰੇ ॥ ਕਲਿ ਕਲੇਸ ਲੋਭ ਮੋਹ ਮਹਾ ਭਉਜਲੁ ਤਾਰੇ ॥ ਰਹਾਉ ॥ ਸਾਸਿ ਸਾਸਿ ਨਿਮਖ ਨਿਮਖ ਦਿਨਸੁ ਰੈਨਿ ਚਿਤਾਰੇ ॥ ਸਾਧਸੰਗ ਜਪਿ ਨਿਸੰਗ ਮਨਿ ਨਿਧਾਨੁ ਧਾਰੇ ॥ ੧॥ ਚਰਨ ਕਮਲ ਨਮਸਕਾਰ ਗੁਨ ਗੋਬਿਦ ਬੀਚਾਰੇ ॥ ਸਾਧ ਜਨਾ ਕੀ ਰੇਨ ਨਾਨਕ ਮੰਗਲ ਸੂਖ ਸਧਾਰੇ ॥੨॥੧॥੩੧॥ {ਪੰਨਾ 679}

ਪਦਅਰਥ:- ਪਿਆਰੇ—ਹੇ ਪਿਆਰੇ! ਕਲਿ ਕਲੇਸ—ਸੰਸਾਰਕ ਝਗੜੇ। ਮਹਾ—ਵੱਡੇ (ਭਿਆਨਕ)। ਭਉਜਲੁ—ਸੰਸਾਰ-ਸਮੁੰਦਰ। ਤਾਰੇ—ਪਾਰ ਲੰਘਾ ਦੇਂਦਾ ਹੈ। ਰਹਾਉ।

ਸਾਸਿ ਸਾਸਿ—ਹਰੇਕ ਸਾਹ ਦੇ ਨਾਲ। ਨਿਮਖ—ਅੱਖ ਝਮਕਣ ਜਿਤਨਾ ਸਮਾ {inmy—}। ਰੈਨਿ—ਰਾਤ। ਚਿਤਾਰੇ—ਚਿਤਾਰਿ, ਚੇਤੇ ਰੱਖ। ਸਾਧ ਸੰਗ—ਸਾਧ ਸੰਗਤਿ ਵਿਚ। ਨਿਸੰਗ—ਝਾਕਾ ਲਾਹ ਕੇ। ਮਨਿ—ਮਨ ਵਿਚ। ਨਿਧਾਨੁ—ਖ਼ਜ਼ਾਨਾ। ਧਾਰੇ—ਧਾਰਿ, ਟਿਕਾ ਲੈ।1।

ਬੀਚਾਰੇ—ਬੀਚਾਰਿ; ਸੋਚ-ਮੰਡਲ ਵਿਚ ਵਸਾ ਲੈ। ਰੇਨ—ਚਰਨ-ਧੂੜ। ਮੰਗਲ—ਖ਼ੁਸ਼ੀ। ਸਧਾਰੇ—ਦੇਂਦੀ ਹੈ।2।

ਅਰਥ:- ਹੇ ਪਿਆਰੇ! ਸਦਾ ਹੀ ਪਰਮਾਤਮਾ ਦਾ ਨਾਮ ਸਿਮਰਿਆ ਕਰ। (ਇਹ ਸਿਮਰਨ) ਇਸ ਵੱਡੇ ਭਿਆਨਕ ਸੰਸਾਰ-ਸਮੁੰਦਰ ਤੋਂ ਪਾਰ ਲੰਘਾ ਲੈਂਦਾ ਹੈ ਜਿਸ ਵਿਚ ਬੇਅੰਤ ਸੰਸਾਰਕ ਝਗੜੇ ਹਨ, ਜਿਸ ਵਿਚ ਲੋਭ ਮੋਹ (ਦੀਆਂ ਲਹਿਰਾਂ ਉਠ ਰਹੀਆਂ) ਹਨ। ਰਹਾਉ।

ਹੇ ਭਾਈ! ਦਿਨ ਰਾਤ ਛਿਨ ਛਿਨ ਹਰੇਕ ਸਾਹ ਦੇ ਨਾਲ (ਪਰਮਾਤਮਾ ਦਾ ਨਾਮ ਚੇਤੇ ਕਰਦਾ ਰਹੁ। ਸਾਧ ਸੰਗਤਿ ਵਿਚ (ਬੈਠ ਕੇ) ਝਾਕਾ ਲਾਹ ਕੇ ਪਰਮਾਤਮਾ ਦਾ ਨਾਮ ਜਪਿਆ ਕਰ। ਇਹ ਨਾਮ-ਖ਼ਜ਼ਾਨਾ ਆਪਣੇ ਮਨ ਵਿਚ ਵਸਾਈ ਰੱਖ।1।

ਹੇ ਪਿਆਰੇ! ਪਰਮਾਤਮਾ ਦੇ ਕੋਮਲ ਚਰਨਾਂ ਉਤੇ ਆਪਣਾ ਸਿਰ ਨਿਵਾਈ ਰੱਖ। ਗੋਬਿੰਦ ਦੇ ਗੁਣ ਆਪਣੇ ਸੋਚ-ਮੰਡਲ ਵਿਚ ਵਸਾ। ਹੇ ਨਾਨਕ! ਸੰਤ ਜਨਾਂ ਦੇ ਚਰਨਾਂ ਦੀ ਧੂੜ (ਆਪਣੇ ਮੱਥੇ ਉਤੇ ਲਾਇਆ ਕਰ, ਇਹ ਚਰਨ-ਧੂੜ) ਆਤਮਕ ਖ਼ੁਸ਼ੀਆਂ ਤੇ ਆਤਮਕ ਆਨੰਦ ਦੇਂਦੀ ਹੈ।2।1। 31।